ਬਸੰਤੁ ਮਹਲਾ ੩ ॥ ਪੂਰੈ ਭਾਗਿ ਸਚੁ ਕਾਰ ਕਮਾਵੈ ॥ ਏਕੋ ਚੇਤੈ ਫਿਰਿ ਜੋਨਿ ਨ ਆਵੈ ॥ ਸਫਲ ਜਨਮੁ ਇਸੁ ਜਗ ਮਹਿ ਆਇਆ ॥ ਸਾਚਿ ਨਾਮਿ ਸਹਜਿ ਸਮਾਇਆ ॥ ੧॥ ਗੁਰਮੁਖਿ ਕਾਰ ਕਰਹੁ ਲਿਵ ਲਾਇ ॥ ਹਰਿ ਨਾਮੁ ਸੇਵਹੁ ਵਿਚਹੁ ਆਪੁ ਗਵਾਇ ॥ ੧॥ ਰਹਾਉ ॥ ਤਿਸੁ ਜਨ ਕੀ ਹੈ ਸਾਚੀ ਬਾਣੀ ॥ ਗੁਰ ਕੈ ਸਬਦਿ ਜਗ ਮਾਹਿ ਸਮਾਣੀ ॥ ਚਹੁ ਜੁਗ ਪਸਰੀ ਸਾਚੀ ਸੋਇ ॥ ਨਾਮਿ ਰਤਾ ਜਨੁ ਪਰਗਟੁ ਹੋਇ ॥੨॥ ਇਕਿ ਸਾਚੈ ਸਬਦਿ ਰਹੇ ਲਿਵ ਲਾਇ ॥ ਸੇ ਜਨ ਸਾਚੇ ਸਾਚੈ ਭਾਇ ॥ ਸਾਚੁ ਧਿਆਇਨਿ ਦੇਖਿ ਹਜੂਰਿ ॥ ਸੰਤ ਜਨਾ ਕੀ ਪਗ ਪੰਕਜ ਧੂਰਿ ॥੩॥ ਏਕੋ ਕਰਤਾ ਅਵਰੁ ਨ ਕੋਇ ॥ ਗੁਰ ਸਬਦੀ ਮੇਲਾਵਾ ਹੋਇ ॥ ਜਿਨਿ ਸਚੁ ਸੇਵਿਆ ਤਿਨਿ ਰਸੁ ਪਾਇਆ ॥ ਨਾਨਕ ਸਹਜੇ ਨਾਮਿ ਸਮਾਇਆ ॥੪॥੭॥ {ਪੰਨਾ 1174}

ਪਦਅਰਥ:- ਪੂਰੇ ਭਾਗਿ—ਵੱਡੀ ਕਿਸਮਤ ਨਾਲ। ਸਚੁ—ਸਦਾ-ਥਿਰ ਹਰਿ-ਨਾਮ । ਸਚੁ ਕਾਰ—ਸਦਾ-ਥਿਰ ਹਰਿ-ਨਾਮ (ਸਿਮਰਨ ਦੀ) ਕਾਰ। ਏਕੋ—ਇਕ ਪਰਮਾਤਮਾ ਨੂੰ ਹੀ। ਚੇਤੈ—ਯਾਦ ਕਰਦਾ ਹੈ। ਸਫਲ—ਕਾਮਯਾਬ। ਸਾਚਿ ਨਾਮਿ—ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਵਿਚ। ਸਹਜਿ—ਆਤਮਕ ਅਡੋਲਤਾ ਵਿਚ।1।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਲਿਵ ਲਾਇ—ਸੁਰਤਿ ਜੋੜ ਕੇ। ਸੇਵਹੁ—ਸਿਮਰੋ। ਆਪੁ—ਆਪਾ-ਭਾਵ।1। ਰਹਾਉ।

ਸਾਚੀ ਬਾਣੀ—ਸਦਾ ਕਾਇਮ ਰਹਿਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਪਸਰੀ—ਖਿਲਰੀ ਹੋਈ ਹੈ। ਸੋਇ—ਸੋਭਾ। ਨਾਮਿ—ਨਾਮ ਵਿਚ। ਰਤਾ—ਰੰਗਿਆ ਹੋਇਆ। ਜਨੁ—ਭਗਤ।2।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ। ਸਾਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ। ਸਾਚੈ ਭਾਇ—ਸਦਾ-ਥਿਰ ਪ੍ਰਭੂ ਦੇ ਪਿਆਰ ਵਿਚ। ਸਾਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ। ਦੇਖਿ—ਵੇਖ ਕੇ। ਹਜੂਰਿ—ਅੰਗ-ਸੰਗ (ਵੱਸਦਾ)। ਪੰਕਜ—ਕੌਲ ਫੁੱਲ। ਪਗ—ਪੈਰ। ਪਗ ਪੰਕਜ—ਕੌਲ ਫੁੱਲ ਵਰਗੇ ਸੋਹਣੇ ਚਰਨ।3।

ਗੁਰ ਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ। ਜਿਨਿ—ਜਿਸ (ਮਨੁੱਖ) ਨੇ। ਸਚੁ—ਸਦਾ-ਥਿਰ ਪ੍ਰਭੂ। ਸੇਵਿਆ—ਸਿਮਰਿਆ। ਤਿਨਿ—ਉਸ ਨੇ {ਇਕ-ਵਚਨ}। ਸਹਜੇ—ਆਤਮਕ ਅਡੋਲਤਾ ਵਿਚ। ਨਾਮਿ—ਨਾਮ ਵਿਚ।4।

ਅਰਥ:- ਹੇ ਭਾਈ! ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰੋ। ਗੁਰੂ ਦੀ ਸਰਨ ਪੈ ਕੇ ਸੁਰਤਿ ਜੋੜ ਕੇ ਕਾਰ ਕਰਦੇ ਰਿਹਾ ਕਰੋ।1। ਰਹਾਉ।

ਹੇ ਭਾਈ! ਜਿਹੜਾ ਮਨੁੱਖ ਵੱਡੀ ਕਿਸਮਤ ਨਾਲ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਾਰ ਕਰਦਾ ਹੈ, ਜਿਹੜਾ ਮਨੁੱਖ ਸਿਰਫ਼ ਇਕ ਪਰਮਾਤਮਾ ਨੂੰ ਹੀ ਚਿੱਤ ਵਿਚ ਟਿਕਾਂਦਾ ਹੈ, ਉਹ ਮੁੜ ਮੁੜ ਜੂਨਾਂ ਵਿਚ ਨਹੀਂ ਪੈਂਦਾ। ਇਸ ਜਗਤ ਵਿਚ ਆਇਆ ਹੋਇਆ ਉਹ ਮਨੁੱਖ ਕਾਮਯਾਬ ਜ਼ਿੰਦਗੀ ਵਾਲਾ ਹੈ, ਜੋ ਸਦਾ-ਥਿਰ ਹਰਿ-ਨਾਮ ਵਿਚ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।1।

ਹੇ ਭਾਈ! ਜਿਹੜਾ ਮਨੁੱਖ ਸਦਾ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦਾ ਹੈ, ਉਸ ਮਨੁੱਖ ਦੀ ਟੇਕ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਉਹ ਬਾਣੀ ਬਣ ਜਾਂਦੀ ਹੈ ਜਿਹੜੀ ਸਾਰੇ ਜਗਤ ਵਿਚ (ਜੀਵਨ-ਰੌ ਹੋ ਕੇ) ਸਮਾਈ ਹੋਈ ਹੈ। ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਰੰਗਿਆ ਹੋਇਆ ਮਨੁੱਖ (ਜਗਤ ਵਿਚ) ਪ੍ਰਸਿੱਧ ਹੋ ਜਾਂਦਾ ਹੈ, ਉਸ ਦੀ ਅਟੱਲ ਸੋਭਾ ਚੌਹਾਂ ਜੁਗਾਂ ਵਿਚ ਖਿਲਰੀ ਰਹਿੰਦੀ ਹੈ।2।

ਹੇ ਭਾਈ! ਕਈ ਅਜਿਹੇ ਮਨੁੱਖ ਹਨ ਜੋ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਸੁਰਤਿ ਜੋੜੀ ਰੱਖਦੇ

ਹਨ। ਸਦਾ-ਥਿਰ ਪ੍ਰਭੂ ਦੇ ਪ੍ਰੇਮ ਵਿਚ ਟਿਕ ਕੇ ਉਹ ਮਨੁੱਖ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ। ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖ ਕੇ ਉਸ ਦਾ ਨਾਮ ਸਿਮਰਦੇ ਰਹਿੰਦੇ ਹਨ, ਅਤੇ ਸੰਤ ਜਨਾਂ ਦੇ ਸੋਹਣੇ ਚਰਨਾਂ ਦੀ ਧੂੜ (ਆਪਣੇ ਮੱਥੇ ਤੇ ਲਾਂਦੇ ਹਨ)।3।

ਹੇ ਨਾਨਕ! ਜਿਸ ਮਨੁੱਖ ਨੇ ਸਦਾ-ਥਿਰ ਹਰਿ-ਨਾਮ ਸਿਮਰਿਆ ਹੈ, ਉਸ ਨੇ ਆਤਮਕ ਆਨੰਦ ਮਾਣਿਆ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਹਰਿ-ਨਾਮ ਵਿਚ ਲੀਨ ਰਹਿੰਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਨਾਲ) ਉਸ ਦਾ ਮਿਲਾਪ ਹੋ ਜਾਂਦਾ ਹੈ। ਉਸ ਨੂੰ (ਹਰ ਥਾਂ) ਇਕ ਕਰਤਾਰ ਹੀ ਦਿੱਸਦਾ ਹੈ, ਉਸ ਤੋਂ ਬਿਨਾ ਕੋਈ ਹੋਰ ਉਸ ਨੂੰ ਨਜ਼ਰੀਂ ਨਹੀਂ ਆਉਂਦਾ।4।7।